www.BibleForChildren.org


ਮੱਤੀ 1



ਛੇਵੇਂ ਮਹੀਨੇ ਪਰਮੇਸ਼ੁਰ ਨੇ ਜਿਬਰਾਏਲ ਦੂਤ ਨੂੰ ਨਾਸਰਤ ਨਾਮ ਦੇ ਗਲੀਲ ਦੇ ਇੱਕ ਨਗਰ ਵਿੱਚ ਇੱਕ ਕੁਆਰੀ ਦੇ ਕੋਲ ਭੇਜਿਆ ਜਿਸ ਦੀ ਮੰਗਣੀ ਦਾਊਦ ਦੇ ਵੰਸ਼ ਦੇ ਯੂਸਫ਼ ਨਾਲ ਹੋਈ ਸੀ, ਉਸ ਕੁਆਰੀ ਦਾ ਨਾਮ ਮਰਿਯਮ ਸੀ।



ਦੂਤ ਨੇ ਉਸ ਨੂੰ ਆਖਿਆ, ਹੇ ਮਰਿਯਮ ਨਾ ਡਰ,
ਕਿਉਂ ਜੋ ਤੇਰੇ ਉੱਤੇ ਪਰਮੇਸ਼ੁਰ ਦੀ ਕਿਰਪਾ ਹੋਈ
ਅਤੇ ਵੇਖ ਤੂੰ ਗਰਭਵਤੀ ਹੋਵੇਂਗੀ, ਇੱਕ ਪੁੱਤਰ ਨੂੰ
ਜਨਮ ਦੇਵੇਂਗੀ ਅਤੇ ਤੂੰ ਉਸ ਦਾ ਨਾਮ ਯਿਸੂ
ਰੱਖੀ। ਉਹ ਮਹਾਨ ਹੋਵੇਗਾ, ਅੱਤ ਮਹਾਨ
ਦਾ ਪੁੱਤਰ ਕਹਾਵੇਗਾ ਅਤੇ ਪ੍ਰਭੂ
ਪਰਮੇਸ਼ੁਰ ਉਸ ਦੇ ਪਿਤਾ ਦਾਊਦ ਦਾ
ਸਿੰਘਾਸਣ ਉਸ ਨੂੰ ਦੇਵੇਗਾ। ਉਹ
ਸਦੀਪਕ ਕਾਲ ਤੱਕ ਯਾਕੂਬ ਦੇ ਘਰਾਣੇ ਉੱਤੇ
ਰਾਜ ਕਰੇਗਾ ਅਤੇ ਉਸ ਦੇ ਰਾਜ ਦਾ ਅੰਤ ਨਾ ਹੋਵੇਗਾ।



ਤਦ ਮਰਿਯਮ ਨੇ ਦੂਤ ਨੂੰ ਆਖਿਆ, ਇਹ ਕਿਵੇਂ
ਹੋਵੇਗਾ ਜਦ ਕਿ ਮੈਂ ਪੁਰਸ਼ ਨੂੰ ਜਾਣਦੀ ਹੀ ਨਹੀਂ। ਦੂਤ
ਨੇ ਉਸ ਨੂੰ ਉੱਤਰ ਦਿੱਤਾ ਕਿ ਪਵਿੱਤਰ ਆਤਮਾ ਤੇਰੇ
ਉੱਪਰ ਆਵੇਗਾ ਅਤੇ ਅੱਤ ਮਹਾਨ ਦੀ ਸਮਰੱਥਾ ਤੇਰੇ
ਉੱਤੇ ਛਾਇਆ ਕਰੇਗੀ,
ਇਸ ਕਰਕੇ ਜਿਹੜਾ ਜਨਮ
ਲਵੇਗਾ ਉਹ ਪਵਿੱਤਰ ਅਤੇ
ਪਰਮੇਸ਼ੁਰ ਦਾ ਪੁੱਤਰ
ਕਹਾਵੇਗਾ।



ਉਨ੍ਹੀਂ ਦਿਨੀਂ ਮਰਿਯਮ ਛੇਤੀ ਨਾਲ ਉੱਠ ਕੇ ਪਹਾੜੀ ਦੇਸ
ਵਿੱਚ ਯਹੂਦਾਹ ਦੇ ਇੱਕ ਨਗਰ ਨੂੰ ਗਈ। ਅਤੇ ਜ਼ਕਰਯਾਹ
ਦੇ ਘਰ ਵਿੱਚ ਜਾ ਕੇ ਇਲੀਸਬਤ ਨੂੰ ਨਮਸਕਾਰ ਕੀਤਾ। ਤਾਂ
ਇਸ ਤਰ੍ਹਾਂ ਹੋਇਆ, ਕਿ ਜਦ
ਇਲੀਸਬਤ ਨੇ ਮਰਿਯਮ ਦਾ
ਨਮਸਕਾਰ ਸੁਣਿਆ ਤਾਂ ਬੱਚਾ
ਉਸ ਦੀ ਕੁੱਖ ਵਿੱਚ ਉੱਛਲ
ਪਿਆ ਅਤੇ ਇਲੀਸਬਤ
ਪਵਿੱਤਰ ਆਤਮਾ ਨਾਲ
ਭਰ ਗਈ। ਅਤੇ ਉਹ ਉੱਚੀ
ਅਵਾਜ਼ ਨਾਲ ਬੋਲੀ, ਤੂੰ
ਔਰਤਾਂ ਵਿੱਚੋਂ ਧੰਨ ਹੈਂ ਅਤੇ
ਧੰਨ ਹੈ ਤੇਰੀ ਕੁੱਖ ਦਾ ਫਲ।



ਯਿਸੂ ਮਸੀਹ ਦਾ ਜਨਮ ਇਸ
ਤਰ੍ਹਾਂ ਹੋਇਆ, ਕਿ ਜਦ ਉਹ
ਦੀ ਮਾਤਾ ਮਰਿਯਮ ਦੀ ਯੂਸੁਫ਼
ਨਾਲ ਮੰਗਣੀ ਹੋਈ ਸੀ ਤਦ
ਉਨ੍ਹਾਂ ਦੇ ਵਿਆਹ ਹੋਣ ਤੋਂ
ਪਹਿਲਾਂ ਉਹ ਪਵਿੱਤਰ
ਆਤਮਾ ਤੋਂ ਗਰਭਵਤੀ ਪਾਈ
ਗਈ। ਤਦ ਉਸ ਦੇ ਪਤੀ
ਯੂਸੁਫ਼ ਨੇ, ਜਿਹੜਾ ਧਰਮੀ
ਪੁਰਖ ਸੀ ਅਤੇ ਨਹੀਂ ਸੀ
ਚਾਹੁੰਦਾ ਕਿ ਉਸ ਨੂੰ ਬਦਨਾਮ
ਕਰੇ, ਇਹ ਸੋਚਿਆ ਕਿ ਉਹ ਨੂੰ
ਚੁੱਪ-ਚਾਪ ਤਿਆਗ ਦੇਵੇ।




ਪਰ ਜਦੋਂ ਉਹ ਇਨ੍ਹਾਂ ਗੱਲਾਂ ਦੀ ਚਿੰਤਾ ਵਿੱਚ ਪਿਆ ਸੀ ਤਾਂ ਵੇਖੋ, ਪ੍ਰਭੂ ਦੇ ਇੱਕ ਦੂਤ ਨੇ ਸੁਫ਼ਨੇ ਵਿੱਚ ਉਹ ਨੂੰ ਦਰਸ਼ਣ ਦੇ ਕੇ ਕਿਹਾ, ਹੇ ਯੂਸੁਫ਼ ਦਾਊਦ ਦੇ ਪੁੱਤਰ ਤੂੰ ਆਪਣੀ ਪਤਨੀ ਮਰਿਯਮ ਨੂੰ ਆਪਣੇ ਘਰ ਲਿਆਉਣ ਤੋਂ ਨਾ ਡਰ ਕਿਉਂਕਿ ਜਿਹੜਾ ਉਹ ਦੀ ਕੁੱਖ ਵਿੱਚ ਹੈ, ਉਹ ਪਵਿੱਤਰ ਆਤਮਾ ਤੋਂ ਹੈ। ਉਹ ਪੁੱਤਰ ਨੂੰ ਜਨਮ ਦੇਵੇਗੀ ਅਤੇ ਤੂੰ ਉਸ ਦਾ ਨਾਮ ਯਿਸੂ ਰੱਖੀਂ, ਕਿਉਂ ਜੋ ਉਹ ਆਪਣੇ ਲੋਕਾਂ ਨੂੰ ਉਨ੍ਹਾਂ ਦੇ ਪਾਪਾਂ ਤੋਂ ਛੁਟਕਾਰਾ ਦੇਵੇਗਾ।



ਫਿਰ ਯੂਸੁਫ਼ ਨੇ ਨੀਂਦ ਤੋਂ ਉੱਠ ਕੇ ਜਿਵੇਂ ਪ੍ਰਭੂ ਦੇ ਦੂਤ ਨੇ ਉਹ ਨੂੰ ਆਗਿਆ ਦਿੱਤੀ ਸੀ, ਤਿਵੇਂ ਹੀ ਕੀਤਾ ਅਤੇ ਆਪਣੀ ਪਤਨੀ ਨੂੰ ਆਪਣੇ ਘਰ ਲੈ ਆਇਆ। ਯੂਸੁਫ਼ ਉਸ ਦੇ ਨੇੜੇ ਨਹੀਂ ਗਿਆ, ਜਿੰਨਾਂ ਚਿਰ ਉਸ ਨੇ ਪੁੱਤਰ ਨੂੰ ਜਨਮ ਨਹੀਂ ਦਿੱਤਾ ਅਤੇ ਉਹ ਦਾ ਨਾਮ ਯਿਸੂ ਰੱਖਿਆ।



ਉਨ੍ਹਾਂ ਦਿਨਾਂ ਵਿੱਚ ਇਹ ਹੋਇਆ ਕਿ ਕੈਸਰ ਔਗੁਸਤੁਸ ਨੇ ਹੁਕਮ ਦਿੱਤਾ, ਜੋ ਸਾਰੀ ਦੁਨੀਆਂ ਦੇ ਲੋਕਾਂ ਦੇ ਨਾਮ ਲਿਖੇ ਜਾਣ। ਅਤੇ ਸਭ ਲੋਕ ਆਪਣੇ ਨਾਮ ਲਿਖਾਉਣ ਲਈ ਆਪੋ ਆਪਣੇ ਨਗਰ ਨੂੰ ਗਏ।



ਅਤੇ ਯੂਸੁਫ਼ ਵੀ ਇਸ ਲਈ ਜੋ ਉਹ ਦਾਊਦ ਦੇ ਘਰਾਣੇ ਅਤੇ ਵੰਸ਼ ਵਿੱਚੋਂ ਸੀ, ਗਲੀਲ ਦੇ ਨਾਸਰਤ ਸ਼ਹਿਰ ਤੋਂ ਯਹੂਦਿਯਾ ਵਿੱਚ ਦਾਊਦ ਦੇ ਸ਼ਹਿਰ ਨੂੰ ਗਿਆ, ਜੋ ਬੈਤਲਹਮ ਅਖਵਾਉਂਦਾ ਹੈ। ਕਿ ਆਪਣੀ ਮੰਗੇਤਰ ਮਰਿਯਮ ਨਾਲ ਜੋ ਗਰਭਵਤੀ ਸੀ ਆਪਣਾ ਨਾਮ ਲਿਖਾਵੇ।



ਅਤੇ ਇਸ ਤਰ੍ਹਾਂ ਹੋਇਆ ਕਿ ਉਨ੍ਹਾਂ
ਦੇ ਉੱਥੇ ਹੁੰਦਿਆਂ ਮਰਿਯਮ ਦੇ
ਜਨਮ ਦੇਣ ਦੇ ਦਿਨ ਪੂਰੇ ਹੋ ਗਏ।



ਅਤੇ ਉਸ ਨੇ ਆਪਣੇ ਇਕਲੌਤੇ ਪੁੱਤਰ ਨੂੰ ਜਨਮ ਦਿੱਤਾ ਅਤੇ ਉਸ ਨੂੰ ਕੱਪੜੇ ਵਿੱਚ ਲਪੇਟ ਕੇ ਖੁਰਲੀ ਵਿੱਚ ਰੱਖਿਆ,
ਕਿਉਂ ਜੋ ਉਨ੍ਹਾਂ ਨੂੰ ਸਰਾਂ ਵਿੱਚ ਸਥਾਨ ਨਾ ਮਿਲਿਆ।



ਉਸ ਦੇਸ ਵਿੱਚ ਕੁਝ ਚਰਵਾਹੇ ਸਨ, ਜੋ ਰਾਤ ਨੂੰ ਖੇਤਾਂ ਵਿੱਚ ਰਹਿ ਕੇ ਆਪਣੇ ਇੱਜੜ ਦੀ ਰਖਵਾਲੀ ਕਰ ਰਹੇ ਸਨ। ਪ੍ਰਭੂ ਦਾ ਦੂਤ ਉਨ੍ਹਾਂ ਦੇ ਸਾਹਮਣੇ ਅਤੇ ਪ੍ਰਭੂ ਦਾ ਤੇਜ ਉਨ੍ਹਾਂ ਦੇ ਚਾਰੋਂ ਪਾਸੇ ਚਮਕਿਆ ਅਤੇ ਉਹ ਬਹੁਤ ਡਰ ਗਏ।




ਤਦ ਦੂਤ ਨੇ ਉਨ੍ਹਾਂ ਨੂੰ ਆਖਿਆ, ਨਾ ਡਰੋ, ਕਿਉਂਕਿ ਵੇਖੋ, ਮੈਂ ਤੁਹਾਨੂੰ ਵੱਡੀ ਖੁਸ਼ੀ ਦੀ ਖ਼ਬਰ ਸੁਣਾਉਂਦਾ ਹਾਂ ਜੋ ਸਾਰੀ ਦੁਨੀਆਂ ਦੇ ਲਈ ਹੋਵੇਗੀ ਕਿ ਦਾਊਦ ਦੇ ਸ਼ਹਿਰ ਵਿੱਚ ਅੱਜ ਤੁਹਾਡੇ ਲਈ ਇੱਕ ਮੁਕਤੀਦਾਤਾ ਪੈਦਾ ਹੋਇਆ ਹੈ, ਜਿਹੜਾ ਮਸੀਹ ਪ੍ਰਭੂ ਹੈ।

ਅਤੇ ਤੁਹਾਡੇ ਲਈ ਇਹ ਚਿੰਨ੍ਹ ਹੋਵੇਗਾ ਕਿ ਤੁਸੀਂ ਇੱਕ ਬਾਲਕ ਨੂੰ ਕੱਪੜੇ ਵਿੱਚ ਲਪੇਟਿਆ ਅਤੇ ਖੁਰਲੀ ਵਿੱਚ ਪਿਆ ਹੋਇਆ ਵੇਖੋਗੇ।




ਤਦ ਇੱਕ ਦਮ ਸਵਰਗ ਦੀ ਫ਼ੌਜ ਦਾ ਇੱਕ ਦਲ ਉਸ ਦੂਤ ਦੇ ਨਾਲ ਹੋ ਕੇ ਪਰਮੇਸ਼ੁਰ
ਦੀ ਵਡਿਆਈ ਕਰਦਾ ਅਤੇ ਇਹ ਕਹਿੰਦਾ ਸੀ। ਸਵਰਗ ਵਿੱਚ
ਪਰਮੇਸ਼ੁਰ ਦੀ ਵਡਿਆਈ, ਅਤੇ ਧਰਤੀ ਤੇ ਉਨ੍ਹਾਂ ਲੋਕਾਂ
ਵਿੱਚ ਸ਼ਾਂਤੀ ਜਿਨ੍ਹਾਂ ਨਾਲ ਉਹ
ਖੁਸ਼ ਹੈ।

ਜਦ ਦੂਤ ਉਨ੍ਹਾਂ ਦੇ ਕੋਲੋਂ ਸਵਰਗ ਨੂੰ ਚਲੇ ਗਏ ਤਦ ਚਰਵਾਹਿਆਂ ਨੇ ਆਪਸ ਵਿੱਚ ਆਖਿਆ, ਆਉ ਹੁਣ ਬੈਤਲਹਮ ਵੱਲ ਚੱਲੀਏ ਅਤੇ ਇਸ ਗੱਲ ਨੂੰ ਜੋ ਹੋਈ ਹੈ, ਵੇਖੀਏ, ਜਿਸ ਦੀ ਖ਼ਬਰ ਪ੍ਰਭੂ ਨੇ ਦਿੱਤੀ ਹੈ।



ਤਦ ਉਨ੍ਹਾਂ ਨੇ ਛੇਤੀ ਨਾਲ ਆ ਕੇ ਮਰਿਯਮ ਅਤੇ ਯੂਸੁਫ਼ ਨੂੰ
ਅਤੇ ਉਸ ਬਾਲਕ ਨੂੰ ਖੁਰਲੀ ਵਿੱਚ ਪਿਆ ਵੇਖਿਆ। ਅਤੇ
ਉਨ੍ਹਾਂ ਨੇ ਉਸ ਬਚਨ ਨੂੰ ਜਿਹੜਾ ਇਸ ਬਾਲਕ ਦੇ ਬਾਰੇ
ਸਵਰਗ ਦੂਤਾਂ ਨੇ ਦੱਸਿਆ ਸੀ, ਸੁਣਾਇਆ।




ਰਾਜਾ ਹੇਰੋਦੇਸ ਦੇ ਦਿਨਾਂ
ਵਿੱਚ ਯਹੂਦਿਯਾ ਦੇ
ਬੈਤਲਹਮ ਵਿੱਚ, ਜਦ
ਯਿਸੂ ਦਾ ਜਨਮ ਹੋਇਆ
ਤਾਂ ਵੇਖੋ, ਕਈ
ਵਿਦਵਾਨ



ਖੋਜੀ ਪੂਰਬ ਵੱਲੋਂ ਯਰੂਸ਼ਲਮ ਵਿੱਚ ਆ ਕੇ ਪੁੱਛਣ
ਲੱਗੇ, ਜਿਹੜਾ ਯਹੂਦੀਆਂ ਦਾ ਰਾਜਾ ਜੰਮਿਆ
ਹੈ, ਉਹ ਕਿੱਥੇ ਹੈ? ਕਿਉਂ ਜੋ ਅਸੀਂ ਪੂਰਬ ਵੱਲ
ਉਹ ਦਾ ਤਾਰਾ ਵੇਖਿਆ ਹੈ, ਅਤੇ ਉਹ ਨੂੰ ਮੱਥਾ
ਟੇਕਣ ਆਏ ਹਾਂ।

ਤਦ ਹੇਰੋਦੇਸ ਨੇ ਵਿਦਵਾਨ ਖੋਜੀਆਂ ਨੂੰ
ਗੁਪਤ ਵਿੱਚ ਬੁਲਾ ਕੇ ਉਨ੍ਹਾਂ ਕੋਲੋਂ
ਸਹੀ ਜਾਣਕਾਰੀ ਪ੍ਰਾਪਤ ਕੀਤੀ ਕਿ
ਤਾਰਾ ਕਦੋਂ ਵਿਖਾਈ ਦਿੱਤਾ। ਅਤੇ
ਉਸ ਨੇ ਉਨ੍ਹਾਂ ਨੂੰ ਬੈਤਲਹਮ ਵੱਲ
ਇਹ ਆਖ ਕੇ ਭੇਜਿਆ ਕਿ ਜਾਓ ਅਤੇ
ਧਿਆਨ ਨਾਲ ਉਸ ਬਾਲਕ ਦੀ ਖ਼ੋਜ
ਕਰੋ, ਜਦ ਉਹ ਮਿਲ ਜਾਵੇ, ਤਦ
ਵਾਪਸ ਆ ਕੇ ਮੈਨੂੰ ਖ਼ਬਰ ਦਿਓ ਤਾਂ ਜੋ
ਮੈਂ ਵੀ ਜਾ ਕੇ ਉਹ ਨੂੰ ਮੱਥਾ ਟੇਕਾਂ।



ਉਹ ਰਾਜੇ ਦੀ ਗੱਲ ਸੁਣ ਕੇ ਤੁਰ ਪਏ, ਅਤੇ ਵੇਖੋ, ਉਹ ਤਾਰਾ ਜਿਹੜਾ ਉਨ੍ਹਾਂ
ਨੇ ਪੂਰਬ ਵੱਲ ਵੇਖਿਆ ਸੀ, ਉਨ੍ਹਾਂ ਦੇ ਅੱਗੇ-ਅੱਗੇ
ਚੱਲਿਆ ਅਤੇ ਉਸ ਥਾਂ ਜਾ ਟਿਕਿਆ ਜਿੱਥੇ
ਉਹ ਬਾਲਕ ਸੀ।





ਅਤੇ ਉਨ੍ਹਾਂ ਨੇ ਉਸ ਘਰ ਵਿੱਚ ਜਾ ਕੇ ਬਾਲਕ ਨੂੰ ਉਹ ਦੀ ਮਾਤਾ ਮਰਿਯਮ
ਦੇ ਨਾਲ ਵੇਖਿਆ, ਅਤੇ ਪੈਰੀਂ ਪੈ ਕੇ ਉਹ ਨੂੰ ਮੱਥਾ ਟੇਕਿਆ ਅਤੇ
ਆਪਣੀਆਂ ਥੈਲੀਆਂ ਖੋਲ੍ਹ ਕੇ ਸੋਨਾ, ਲੁਬਾਣ ਅਤੇ
ਗੰਧਰਸ ਦੀ ਭੇਟ ਚੜ੍ਹਾਈ। ਅਤੇ ਸੁਫ਼ਨੇ
ਵਿੱਚ ਖ਼ਬਰ ਪਾ ਕੇ, ਜੋ ਉਹ ਹੇਰੋਦੇਸ
ਦੇ ਕੋਲ ਫਿਰ ਨਾ ਜਾਣ, ਉਹ ਹੋਰ
ਰਸਤੇ ਆਪਣੇ ਦੇਸ
ਨੂੰ ਮੁੜ ਗਏ।





ਜਦ ਉਹ ਚਲੇ ਗਏ ਤਾਂ ਵੇਖੋ, ਪ੍ਰਭੂ ਦੇ ਇੱਕ
ਦੂਤ ਨੇ ਯੂਸੁਫ਼ ਨੂੰ ਸੁਫ਼ਨੇ ਵਿੱਚ ਦਰਸ਼ਨ ਦੇ
ਕੇ ਆਖਿਆ, ਉੱਠ! ਬਾਲਕ ਅਤੇ ਉਹ ਦੀ
ਮਾਤਾ ਨੂੰ ਲੈ ਕੇ ਮਿਸਰ ਦੇਸ ਨੂੰ ਭੱਜ ਜਾ,
ਅਤੇ ਜਦੋਂ ਤੱਕ ਮੈਂ ਤੈਨੂੰ ਨਾ ਆਖਾਂ ਉੱਥੇ ਹੀ
ਰਹੀਂ ਕਿਉਂ ਜੋ ਹੇਰੋਦੇਸ, ਇਸ
ਬਾਲਕ ਨੂੰ ਮਾਰਨ ਲਈ ਲੱਭੇਗਾ।



ਤਦ ਯੂਸੁਫ਼ ਉੱਠ ਕੇ ਰਾਤੋਂ ਰਾਤ ਬਾਲਕ
ਅਤੇ ਉਹ ਦੀ ਮਾਤਾ ਨੂੰ ਨਾਲ ਲੈ ਕੇ
ਮਿਸਰ ਵੱਲ ਤੁਰ ਪਿਆ। ਅਤੇ ਹੇਰੋਦੇਸ
ਦੀ ਮੌਤ ਤੱਕ ਉੱਥੇ ਰਿਹਾ। ਇਸ ਲਈ
ਕਿ ਜਿਹੜਾ ਬਚਨ ਪ੍ਰਭੂ ਨੇ ਨਬੀ ਦੀ
ਜ਼ਬਾਨੀ ਆਖਿਆ ਸੀ ਪੂਰਾ ਹੋਵੇ
ਕਿ, ਮੈਂ ਆਪਣੇ ਪੁੱਤਰ ਨੂੰ ਮਿਸਰ
ਵਿੱਚੋਂ ਬੁਲਾਇਆ।



ਜਦ ਹੇਰੋਦੇਸ ਨੇ ਵੇਖਿਆ ਕਿ ਵਿਦਵਾਨ
ਖੋਜੀਆਂ ਨੇ ਮੇਰੇ ਨਾਲ ਚਲਾਕੀ ਕੀਤੀ,
ਤਦ ਉਸ ਨੂੰ ਬਹੁਤ ਗੁੱਸਾ ਆਇਆ
ਅਤੇ ਸਿਪਾਹੀਆਂ ਨੂੰ ਭੇਜ ਕੇ ਬੈਤਲਹਮ
ਅਤੇ ਉਹ ਦੇ ਆਲੇ-ਦੁਆਲੇ ਦੇ ਸਭਨਾਂ . . .



. . . ਬਾਲਕਾਂ ਨੂੰ ਮਰਵਾ ਦਿੱਤਾ, ਜਿਹੜੇ ਦੋ
ਸਾਲਾਂ ਦੇ ਅਤੇ ਜੋ ਇਸ ਤੋਂ ਛੋਟੇ ਸਨ,
ਉਸ ਸਮੇਂ ਦੇ ਅਨੁਸਾਰ ਜਿਹੜਾ
ਵਿਦਵਾਨ ਖੋਜੀਆਂ ਤੋਂ ਠੀਕ ਪਤਾ
ਪ੍ਰਾਪਤ ਕੀਤਾ ਸੀ।





ਜਦ ਹੇਰੋਦੇਸ ਮਰ ਗਿਆ ਤਾਂ ਵੇਖੋ ਪ੍ਰਭੂ ਦੇ
ਇੱਕ ਦੂਤ ਨੇ ਮਿਸਰ ਵਿੱਚ ਯੂਸੁਫ਼ ਨੂੰ
ਸੁਫ਼ਨੇ ਵਿੱਚ ਦਰਸ਼ਣ ਦੇ ਕੇ ਆਖਿਆ,
ਉੱਠ, ਬਾਲਕ ਅਤੇ ਉਹ ਦੀ ਮਾਤਾ ਨੂੰ
ਨਾਲ ਲੈ ਕੇ ਇਸਰਾਏਲ ਦੇ
ਦੇਸ ਨੂੰ ਜਾ, ਕਿਉਂਕਿ ਜਿਹੜੇ
ਬਾਲਕ ਦੀ ਜਾਨ ਦੇ ਵੈਰੀ ਸਨ,
ਉਹ ਮਰ ਗਏ ਹਨ।

ਪਰ ਜਦ ਸੁਣਿਆ ਜੋ ਅਰਕਿਲਾਉਸ
ਯਹੂਦਿਯਾ ਵਿੱਚ ਆਪਣੇ ਪਿਤਾ
ਹੇਰੋਦੇਸ ਦੇ ਥਾਂ ਰਾਜ ਕਰਦਾ ਹੈ ਤਾਂ
ਉੱਥੇ ਜਾਣ ਤੋਂ ਡਰਿਆ, ਪਰ ਸੁਫ਼ਨੇ
ਵਿੱਚ ਚਿਤਾਵਨੀ ਪਾ ਕੇ
ਗਲੀਲ ਦੇ



ਇਲਾਕੇ ਵਿੱਚ ਚੱਲਿਆ ਗਿਆ।
ਅਤੇ ਨਾਸਰਤ ਨਗਰ ਵਿੱਚ ਜਾ ਕੇ ਰਹਿਣ
ਲੱਗ ਪਿਆ ਤਾਂ ਜੋ ਜਿਹੜਾ ਬਚਨ ਨਬੀਆਂ ਦੀ ਜ਼ਬਾਨੀ
ਆਖਿਆ ਗਿਆ ਸੀ ਪੂਰਾ ਹੋਵੇ, ਜੋ ਉਹ ਨਾਸਰੀ ਅਖਵਾਵੇਗਾ।

ਪਰਮੇਸ਼ੁਰ ਨੇ ਸੰਸਾਰ ਨੂੰ ਇੰਨ੍ਹਾਂ ਪਿਆਰ ਕੀਤਾ ਅਤੇ
ਉਸ ਨੇ ਉਨ੍ਹਾਂ ਨੂੰ ਆਪਣਾ ਇੱਕਲੌਤਾ ਪੁੱਤਰ ਦੇ
ਦਿੱਤਾ ਤਾਂ ਜੋ ਕੋਈ ਵੀ ਉਸ ਵਿੱਚ ਵਿਸ਼ਵਾਸ
ਰੱਖੇ ਉਹ ਨਾਸ ਨਾ ਹੋਵੇ ਸਗੋਂ ਸਦੀਪਕ
ਜੀਵਨ ਪ੍ਰਾਪਤ ਕਰੇ।

ਰੋਮੀਆਂ 3:23 ਕਿਉਂਕਿ ਸਭਨਾਂ ਨੇ ਪਾਪ ਕੀਤਾ ਅਤੇ ਪਰਮੇਸ਼ੁਰ ਦੀ ਮਹਿਮਾ ਤੋਂ ਰਹਿਤ ਹਨ।

ਰੋਮੀਆਂ 6:23 ਕਿਉਂਕਿ ਪਾਪ ਦੀ ਮਜ਼ਦੂਰੀ ਤਾਂ ਮੌਤ ਹੈ, ਪਰ ਪਰਮੇਸ਼ੁਰ ਦਾ ਵਰਦਾਨ ਸਾਡੇ ਪ੍ਰਭੂ ਮਸੀਹ ਯਿਸੂ ਵਿੱਚ ਸਦੀਪਕ ਜੀਵਨ ਹੈ।

ਇਬਰਾਨੀ 9:27 ਅਤੇ ਜਿਵੇਂ ਮਨੁੱਖਾਂ ਲਈ ਇੱਕ ਵਾਰ ਮਰਨਾ ਠਹਿਰਾਇਆ ਹੋਇਆ ਹੈ ਅਤੇ ਉਹ ਦੇ ਪਿੱਛੋਂ ਨਿਆਂ ਹੁੰਦਾ ਹੈ।

ਅਫ਼ਸੀਆਂ 2:8,9 ਕਿਉਂ ਜੋ ਤੁਸੀਂ ਕਿਰਪਾ ਤੋਂ ਵਿਸ਼ਵਾਸ ਦੇ ਰਾਹੀਂ ਬਚਾਏ ਗਏ ਅਤੇ ਇਹ ਤੁਹਾਡੀ ਵੱਲੋਂ ਨਹੀਂ, ਇਹ ਪਰਮੇਸ਼ੁਰ ਦੀ ਦਾਤ ਹੈ!
ਇਹ ਕਰਮਾਂ ਤੋਂ ਨਹੀਂ ਅਜਿਹਾ ਨਾ ਹੋਵੇ ਕਿ ਕੋਈ ਘਮੰਡ ਕਰੇ!

ਰੋਮੀਆਂ 10:9,10 ਕਿਉਂਕਿ ਜੇ ਤੂੰ ਆਪਣੇ ਮੂੰਹ ਨਾਲ ਪ੍ਰਭੂ ਯਿਸੂ ਦਾ ਇਕਰਾਰ ਕਰੇਂ ਅਤੇ ਆਪਣੇ ਦਿਲ ਨਾਲ ਮੰਨ ਲਵੇਂ ਜੋ ਪਰਮੇਸ਼ੁਰ ਨੇ ਉਹ ਨੂੰ ਮੁਰਦਿਆਂ ਵਿੱਚੋਂ ਜਿਵਾਲਿਆ ਹੈ, ਤਾਂ ਤੂੰ ਜ਼ਰੂਰ ਬਚਾਇਆ ਜਾਵੇਂਗਾ।
ਧਾਰਮਿਕਤਾ ਦੇ ਲਈ ਤਾਂ ਦਿਲ ਨਾਲ ਵਿਸ਼ਵਾਸ ਕੀਤਾ ਜਾਂਦਾ ਅਤੇ
ਮੁਕਤੀ ਲਈ ਮੂੰਹ ਨਾਲ ਇਕਰਾਰ ਕੀਤਾ ਜਾਂਦਾ ਹੈ।

ਯੂਹੰਨਾ 3:16,17 ਪਰਮੇਸ਼ੁਰ ਨੇ ਸੰਸਾਰ ਨੂੰ ਇੰਨ੍ਹਾਂ ਪਿਆਰ ਕੀਤਾ ਅਤੇ ਉਸ ਨੇ ਉਨ੍ਹਾਂ ਨੂੰ ਆਪਣਾ ਇੱਕਲੌਤਾ ਪੁੱਤਰ ਦੇ ਦਿੱਤਾ ਤਾਂ ਜੋ ਕੋਈ ਵੀ ਉਸ ਵਿੱਚ ਵਿਸ਼ਵਾਸ ਰੱਖੇ ਉਹ ਨਾਸ ਨਾ ਹੋਵੇ ਸਗੋਂ ਸਦੀਪਕ ਜੀਵਨ ਪ੍ਰਾਪਤ ਕਰੇ।
ਪਰਮੇਸ਼ੁਰ ਨੇ ਆਪਣੇ ਪੁੱਤਰ ਨੂੰ ਸੰਸਾਰ ਵਿੱਚ ਇਸ ਲਈ ਨਹੀਂ ਭੇਜਿਆ ਕਿ ਦੋਸ਼ੀ ਠਹਿਰਾਵੇ ਸਗੋਂ ਇਸ ਲਈ ਜੋ ਸੰਸਾਰ ਉਸ ਰਾਹੀਂ ਬਚਾਇਆ ਜਾਵੇ।

1 ਯੂਹੰਨਾ 5:11-13 ਅਤੇ ਉਹ ਗਵਾਹੀ ਇਹ ਹੈ ਕਿ ਪਰਮੇਸ਼ੁਰ ਨੇ ਸਾਨੂੰ ਸਦੀਪਕ ਜੀਵਨ ਦਿੱਤਾ ਅਤੇ ਇਹ ਜੀਵਨ ਉਹ ਦੇ ਪੁੱਤਰ ਦੇ ਵਿੱਚ ਹੈ।
ਜਿਸ ਦੇ ਕੋਲ ਪੁੱਤਰ ਹੈ, ਉਹ ਦੇ ਕੋਲ ਜੀਵਨ ਹੈ। ਜਿਹ ਦੇ ਕੋਲ ਪਰਮੇਸ਼ੁਰ ਦਾ ਪੁੱਤਰ ਨਹੀਂ ਹੈ, ਉਹ ਦੇ ਕੋਲ ਜੀਵਨ ਵੀ ਨਹੀਂ।
ਇਹ ਗੱਲਾਂ ਮੈਂ ਤੁਹਾਨੂੰ ਇਸ ਲਈ ਲਿਖੀਆਂ ਅਰਥਾਤ ਤੁਹਾਨੂੰ ਜਿਹੜੇ ਪਰਮੇਸ਼ੁਰ ਦੇ ਪੁੱਤਰ ਦੇ ਨਾਮ ਉੱਤੇ ਵਿਸ਼ਵਾਸ ਕਰਦੇ ਹੋ ਤਾਂ ਕਿ ਤੁਸੀਂ ਜਾਣੋ ਜੋ ਸਦੀਪਕ ਜੀਵਨ ਤੁਹਾਨੂੰ ਮਿਲਿਆ ਹੈ।

ਮੱਤੀ 1-2; ਲੂਕਾ 1-2

Storyline by: Edward D. Hughes

Illustrated by: M. Maillot
and Alastair Paterson

Adapted by: E. Frischbutter; Sarah S.

Panjabi, Eastern Bible (pan) PNB-IRV Creative Commons License Indian Revised Version (IRV) - Punjabi (ਭਾਰਤੀ ਸੋਧਿਆ ਹੋਇਆ ਸੰਸਕਰਣ - ਪੰਜਾਬੀ), 2019 by Bridge Connectivity Solutions Pvt. Ltd.

https://live.bible.is/bible/PANDPI/GEN/1

©2026 Bible for Children, Inc.
www.M1914.org www.bibleforchildren.org